**Vigilance Bureau Punjab**

**VIGILANCE NABS REVENUE PATWARI IN BRIBERY CASE**

Chandigarh, May 29: State Vigilance Bureau, during its ongoing campaign against corruption today nabbed Revenue Patwari red handed while accepting bribe of Rs. 30,000/-.

Disclosing this here an official spokesperson of the Vigilance Bureau said Pushpinder Singh, Patwari posted at Halqa Thehri-1 in Sri Mukatsar Sahib district was nabbed red handed by Vigilance team for accepting bribe of Rs. 30,000 from complainant Surjit Singh of village Thehri in Sri Mukatsar Sahib district.

The Complainant has approached the VB that the accused Patwari was demanding Rs. 30,000 for the mutation of his land. After verifying his information, the Vigilance team laid a trap and the accused Patwari was arrested on the spot while accepting bribe of Rs. 30,000/- from the complainant in the presence of two official witnesses

He informed that a case under Prevention of Corruption Act has been registered against the accused at VB police station Ferozepur and further investigations was under progress.

----------------

**ਵਿਜੀਲੈਂਸ ਬਿਓਰੋ ਪੰਜਾਬ**

# ਵਿਜੀਲੈਂਸ ਵਲੋਂ ਪਟਵਾਰੀ ਰਿਸ਼ਵਤ ਲੈਂਦਾ ਕਾਬੂ

ਚੰਡੀਗੜ੍ਹ, 29 ਮਈ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਮੁਹਿੰਮ ਦੌਰਾਨ ਅੱਜ ਮਾਲ ਹਲਕਾ ਥੇਹੜੀ, ਜਿਲਾ ਸ਼੍ਰੀ ਮੁਕਤਸਰ ਸਾਹਿਬ ਵਿਖੇ ਤਾਇਨਾਤ ਪਟਵਾਰੀ ਪੁਸ਼ਪਿੰਦਰ ਸਿੰਘ ਨੂੰ 30,000 ਰੁਪਏ ਦੀ ਰਿਸ਼ਵਤ ਲੈਂਦਾ ਹੋਇਆ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਥੇਹੜੀ, ਜਿਲਾ ਸ਼੍ਰੀ ਮੁਕਤਸਰ ਸਾਹਿਬ ਵਿਖੇ ਤਾਇਨਾਤ ਪਟਵਾਰੀ ਪੁਸ਼ਪਿੰਦਰ ਸਿੰਘ ਨੂੰ ਸ਼ਿਕਾਇਤਕਰਤਾ ਸੁਰਜੀਤ ਸਿੰਘ ਵਾਸੀ ਪਿੰਡ ਥੇਹੜੀ, ਜਿਲਾ ਸ਼੍ਰੀ ਮੁਕਤਸਰ ਸਾਹਿਬ ਦੀ ਸ਼ਿਕਾਇਤ 'ਤੇ 30,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਪਟਵਾਰੀ ਨੇ ਜਮੀਨ ਦਾ ਇੰਤਕਾਲ ਕਰਨ ਬਦਲੇ 30,000 ਰੁਪਏ ਦੀ ਮੰਗ ਕੀਤੀ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 30,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ। ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਫਿਰੋਜਪੁਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

------